# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 01-05-2024**

ਚੋਣ ਕਮਿਸ਼ਨ ਨੇ ਲੋਕ ਸਭਾ ਚੋਣਾਂ ਦੇ ਪਹਿਲੇ ਅਤੇ ਦੂਜੇ ਗੇੜ ਦੀ ਕੁੱਲ ਵੋਟ ਪ੍ਰਤੀਸ਼ਤਤਾ ਜਾਰੀ ਕਰ ਦਿੱਤੀ ਏ। ਕਮਿਸ਼ਨ ਮੁਤਾਬਕ ਪਹਿਲੇ ਗੇੜ ਵਿਚ 66 ਅਸ਼ਰੀਆ 1-4 ਫੀਸਦੀ ਅਤੇ ਦੂਜੇ ਗੇੜ ਵਿਚ 66 ਅਸ਼ਰੀਆ 7-1 ਫੀਸਦੀ ਵੋਟਿੰਗ ਹੋਈ ਸੀ। ਕਮਿਸ਼ਨ ਨੇ ਦੱਸਿਆ ਕਿ ਪਹਿਲੇ ਗੇੜ ਵਿੱਚ 66 ਅਸ਼ਰੀਆ 2% ਮਰਦ ਵੋਟਰ, 66 ਅਸ਼ਰੀਆ 7% ਮਹਿਲਾ ਵੋਟਰ ਅਤੇ 31 ਅਸ਼ਰੀਆ 3% ਤੀਜੇ ਲਿੰਗ ਵੋਟਰਾਂ ਨੇ ਆਪਣੀ ਵੋਟ ਪਾਈ ਏ। ਇਸ ਦੇ ਨਾਲ ਹੀ ਦੂਜੇ ਗੇੜ ਵਿੱਚ 66 ਅਸ਼ਰੀਆ 9-9 ਫੀਸਦੀ ਮਰਦ ਵੋਟਰ, 66 ਅਸ਼ਰੀਆ 4-2 ਫੀਸਦੀ ਮਹਿਲਾ ਵੋਟਰ ਅਤੇ 23 ਅਸ਼ਰੀਆ 8-6 ਫੀਸਦੀ ਤੀਜੇ ਲਿੰਗ ਵੋਟਰਾਂ ਨੇ ਆਪਣੀ ਵੋਟ ਦੇ ਹੱਕ ਦੀ ਵਰਤੋਂ ਕੀਤੀ।

-----------------------------------------------------------

ਗੁਰਦਾਸਪੁਰ ਜ਼ਿਲੇ ਦੇ ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਨੇ ਰਾਵੀ ਦਰਿਆ ਤੋਂ ਪਾਰ ਘਣੀਏ-ਕੇ-ਬੇਟ ਖੇਤਰ ਵਿੱਚ ਬੀ. ਐੱਸ. ਐੱਫ਼ ਦੀ ਨੰਗਲੀ ਪੋਸਟ ਵਿਖੇ ਬੀ.ਐੱਸ.ਐੱਫ਼ ਅਧਿਕਾਰੀਆਂ ਅਤੇ ਸਰਹੱਦੀ ਇਲਾਕੇ ਦੇ ਕਿਸਾਨਾਂ ਨਾਲ ਮੀਟਿੰਗ ਕੀਤੀ । ਬੀ. ਐੱਸ. ਐੱਫ਼ ਦੇ ਕਮਾਂਡੈਂਟ ਮਨੋਜ ਕੁਮਾਰ ਅਤੇ ਹੋਰ ਅਧਿਕਾਰੀਆਂ ਤੋਂ ਇਲਾਵਾ ਸਿਵਲ ਪ੍ਰਸ਼ਾਸਨ ਦੇ ਅਧਿਕਾਰੀ ਵੀ ਮੀਟਿੰਗ ਵਿਚ ਮੌਜੂਦ ਰਹੇ । ਕਿਸਾਨਾਂ ਨੇ ਕੰਡਿਆਲੀ ਤਾਰ ਤੋਂ ਪਾਰ ਜ਼ਮੀਨ ਵਿੱਚ ਖੇਤੀਬਾੜੀ ਨਾਲ ਸਬੰਧਤ ਮਸਲੇ ਸਾਂਝੇ ਕੀਤੇ । ਕਿਸਾਨਾਂ ਨੇ ਜੂਨ ਮਹੀਨੇ ਦੌਰਾਨ ਝੋਨੇ ਦੀ ਲਵਾਈ ਮੌਕੇ ਕੰਢਿਆਲੀ ਤਾਰ ਤੋਂ ਪਾਰ ਜਾ ਕੇ ਕੰਮ ਕਰਨ ਦੇ ਸਮੇਂ ਨੂੰ ਵਧਾਉਣ ਦੀ ਮੰਗ ਕੀਤੀ, ਜਿਸ ’ਤੇ ਡਿਪਟੀ ਕਮਿਸ਼ਨਰ ਅਤੇ ਬੀ.ਐੱਸ.ਐੱਫ਼ ਦੇ ਅਧਿਕਾਰੀਆਂ ਨੇ ਕਿਸਾਨਾਂ ਨੂੰ ਹਰ ਸੰਭਵ ਸਹਿਯੋਗ ਦਾ ਭਰੋਸਾ ਦਿੱਤਾ । ਕਿਸਾਨਾਂ ਨੇ ਕੰਡਿਆਲੀ ਤਾਰ ਤੋਂ ਪਾਰ ਜਾਣ ਲਈ ਬਣੇ ਸ਼ਨਾਖ਼ਤੀ ਕਾਰਡਾਂ ਸਬੰਧੀ ਮਸਲੇ ਵੀ ਅਧਿਕਾਰੀਆਂ ਦੇ ਧਿਆਨ ਵਿੱਚ ਲਿਆਂਦੇ । ਪਿੰਡ ਘਣੀਏ-ਕੇ-ਬੇਟ ਦੇ ਵਸਨੀਕਾਂ ਨੇ ਪਿੰਡ ਵਿੱਚ ਸਰਕਾਰੀ ਸਕੂਲ

ਖੋਲਣ ਦੀ ਮੰਗ ਕੀਤੀ, ਜਿਸ ’ਤੇ ਡਿਪਟੀ ਕਮਿਸ਼ਨਰ ਨੇ ਇਸ ਮਸਲੇ ਨੂੰ ਸਿੱਖਿਆ ਵਿਭਾਗ ਦੇ ਧਿਆਨ ਵਿੱਚ ਲਿਆ ਕੇ ਆਦਰਸ਼ ਚੋਣ ਜ਼ਾਬਤੇ ਤੋਂ ਬਾਅਦ ਇਸਦੇ ਹੱਲ ਦਾ ਭਰੋਸਾ ਦਿੱਤਾ।

---------------------------------------------------

ਤੇਲ ਅਤੇ ਗੈਸ ਮਾਰਕੀਟਿੰਗ ਕੰਪਨੀਆਂ ਨੇ 19 ਕਿਲੋ ਦੇ ਵਪਾਰਕ ਗੈਸ ਸਿਲੰਡਰ ਦੀ ਕੀਮਤ ਵਿੱਚ 20 ਰੁਪਏ ਤੱਕ ਦੀ ਕਟੌਤੀ ਕੀਤੀ ਏ । ਘਰੇਲੂ ਰਸੋਈ ਗੈਸ ਦੀ ਕੀਮਤ 'ਚ ਕੋਈ ਬਦਲਾਅ ਨਹੀਂ ਕੀਤਾ ਗਿਆ ਏ । ਨਵੀਆਂ ਦਰਾਂ ਅੱਜ ਤੋਂ ਲਾਗੂ ਹੋ ਗਈਆਂ ਨੇ ।

---------------------------------------------------

ਫ਼ਰੀਦਕੋਟ ਜ਼ਿਲੇ ਵਿਚ ਲੋਕ ਸਭਾ ਚੋਣਾਂ ਨੂੰ ਲੈ ਕੇ ਵੋਟਰਾਂ ਨੂੰ ਵੋਟ ਦੇ ਹੱਕ ਦੀ ਵਰਤੋਂ ਲਈ ਉਤਸ਼ਾਹਿਤ ਕਰਨ ਵਾਸਤੇ ਜ਼ਿਲਾ ਚੋਣ ਅਫ਼ਸਰ ਫ਼ਰੀਦਕੋਟ-ਕਮ-ਡਿਪਟੀ ਕਮਿਸ਼ਨਰ ਫ਼ਰੀਦਕੋਟ ਵਿਨੀਤ ਕੁਮਾਰ ਦੀ ਸਰਪ੍ਰਸਤੀ ਹੇਠ ਆਈ.ਟੀ.ਆਈ. ਅਤੇ ਜ਼ਿਲਾ ਸਿੱਖਿਆ ਤੇ ਸਿਖਲਾਈ ਸੰਸਥਾ ਵਿਖੇ ਸਮਾਗਮ ਦਾ ਆਯੋਜਨ ਕੀਤਾ ਗਿਆ । ਜ਼ਿਲਾ ਨੋਡਲ ਅਫ਼ਸਰ ਸਵੀਪ-ਕਮ-ਉਪ ਜ਼ਿਲਾ ਸਿੱਖਿਆ ਅਫ਼ਸਰ ਸੈਕੰਡਰੀ ਪ੍ਰਦੀਪ

ਦਿਓੜਾ ਨੇ ਚੋਣ ਕਮਿਸ਼ਨ ਵੱਲੋਂ ਦਿੱਤੇ ਨਾਅਰੇ ਚੋਣਾਂ ਦਾ ਪਰਬ - ਦੇਸ਼ ਦਾ ਗਰਵ ਅਤੇ ਅਬ ਕੀ ਬਾਰ ਵੋਟਿੰਗ 70 ਪ੍ਰਤੀਸ਼ਤ ਪਾਰ ਨੂੰ ਪਹਿਲੀ ਜੂਨ ਤੱਕ ਮਨਾਂ ਅੰਦਰ ਵਸਾਉਣ ਦੀ ਅਪੀਲ ਕੀਤੀ। ਉਨ੍ਹਾਂ ਦੱਸਿਆ ਕਿ ਇਸ ਵਾਰ 85 ਸਾਲ ਤੋਂ ਵੱਧ ਉਮਰ ਦੇ ਵੋਟਰ ਜੇਕਰ ਚਾਹੁਣ ਤਾ ਘਰ ਬੈਠ ਕੇ ਵੀ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰ ਸਕਦੇ ਨੇ। ਇਸ ਮੌਕੇ ਸੀ-ਵਿਜ਼ਿਲ ਐਪ, ਚੋਣਾਂ ਸਬੰਧੀ ਪੋਲਿੰਗ ਬੂਥਾਂ ਤੇ ਕੀਤੇ ਜਾ ਰਹੇ ਪ੍ਰਬੰਧਾਂ ਸਬੰਧੀ ਜਾਣਕਾਰੀ ਦੇ ਕੇ ਵੋਟ ਦੇ ਅਧਿਕਾਰ ਦੀ ਵਰਤੋਂ ਲਈ ਜਾਗਰੂਕ ਕੀਤਾ ਗਿਆ ਅਤੇ ਵਿਦਿਆਰਥੀਆਂ ਨੂੰ ਵੋਟ ਪਾਉਣ ਬਾਰੇ ਪ੍ਰਣ ਵੀ ਕਰਵਾਇਆ ਗਿਆ।

-------------------------------------------------------

ਪਟਿਆਲਾ ਦੇ ਜ਼ਿਲ੍ਹਾ ਸਵੀਪ ਨੋਡਲ ਅਫ਼ਸਰ ਨੇ ਵੱਖ-ਵੱਖ ਸਕੂਲਾਂ/ਕਾਲਜਾਂ ਦੇ ਚੋਣ ਸਾਖਰਤਾ ਕਲੱਬਾਂ ਦੇ ਸਹਿਯੋਗ ਨਾਲ ਸਵੀਪ ਮੁਹਿੰਮ ਵਿੱਚ ਤੇਜ਼ੀ ਲਿਆਉਂਦਿਆਂ ਪਟਿਆਲਾ ਸ਼ਹਿਰ ਵਿੱਚ ਵੋਟਰ ਟਰਨ ਆਉਟ ਵਧਾਉਣ ਲਈ ਕਲ ਇੱਕ ਸਾਈਕਲ ਰੈਲੀ ਦਾ ਆਯੋਜਨ ਕੀਤਾ। ਵਧੀਕ ਡਿਪਟੀ-ਕਮਿਸ਼ਨਰ ਕੰਚਨ ਅਤੇ ਸਹਾਇਕ ਰਿਟਰਨਿੰਗ

ਅਫ਼ਸਰ ਪਟਿਆਲਾ ਸ਼ਹਿਰੀ ਅਰਵਿੰਦ ਕੁਮਾਰ ਨੇ ਇਸ ਨੂੰ ਝੰਡੀ ਵਿਖਾਈ। ਰੈਲੀ ਸ਼ੁਰੂ ਹੋਣ ਤੋਂ ਪਹਿਲਾਂ ਜ਼ਿਲ੍ਹਾ ਸਵੀਪ ਨੋਡਲ ਅਫ਼ਸਰ ਡਾ. ਸਵਿੰਦਰ ਰੇਖੀ ਨੇ  ਸਾਈਕਲਿਸਟਾਂ ਅਤੇ ਹਾਜ਼ਰ ਸ਼ਖ਼ਸੀਅਤਾਂ ਨੂੰ ਵੋਟਰ ਪ੍ਰਣ ਦਵਾਇਆ। ਇਹ ਰੈਲੀ ਮਿੰਨੀ ਸਕੱਤਰੇਤ ਤੋਂ ਸ਼ੁਰੂ ਹੋ ਕੇ ਥਾਪਰ ਕਾਲਜ ਚੌਂਕ ਤੇ ਲੀਲਾ ਭਵਨ ਚੌਂਕ ਤੋਂ ਹੁੰਦੇ ਹੋਏ ਖੰਡਾ ਚੌਂਕ ਰਾਹੀ ਵਾਪਸ ਮਿੰਨੀ ਸਕੱਤਰੇਤ ਤੇ ਸਮਾਪਤ ਹੋਈ। ਜ਼ਿਲ੍ਹਾ ਸਵੀਪ ਆਈਕਨ ਦਿਵਿਆਂਗ ਜਗਵਿੰਦਰ ਸਿੰਘ ਤੇ ਜਗਦੀਪ ਸਿੰਘ ਨੇ ਰੈਲੀ ਦੀ ਅਗਵਾਈ ਕੀਤੀ ਅਤੇ ਵੋਟਰਾਂ ਨੂੰ ਲੋਕ ਸਭਾ ਚੋਣਾਂ ਵਿੱਚ ਭਾਗ ਲੈਣ ਲਈ ਜਾਗਰੂਕ ਕੀਤਾ।

--------------------------------------------------------------------

ਫਤਹਿਗੜ੍ਹ ਜ਼ਿਲ੍ਹੇ ਵਿੱਚ ਪੈਂਦੀਆਂ ਅਨਾਜ ਮੰਡੀਆਂ ਵਿੱਚ ਸਵੀਪ ਟੀਮਾਂ ਨੇ ਵੋਟਰ ਜਾਗਰੂਕਤਾ ਮੁਹਿੰਮ ਤਹਿਤ ਲੋਕਾਂ ਨੂੰ ਵੋਟ ਦੇ ਅਧਿਕਾਰ ਬਾਰੇ ਜਾਗਰੂਕ ਕੀਤਾ ਤਾਂ ਜੋ ਲੋਕ ਸਭਾ ਚੋਣਾਂ ਵਿੱਚ " ਇਸ ਵਾਰ 70 ਪਾਰ " ਦੇ ਨਾਅਰੇ ਨੂੰ ਸਫਲਤਾ ਨਾਲ ਹਾਸਲ ਕੀਤਾ ਜਾ ਸਕੇ। ਜਿਲ੍ਹਾ ਸਹਾਇਕ ਸਵੀਪ ਨੋਡਲ ਅਫਸਰ ਜੋਬਨਦੀਪ ਕੋਰ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ

ਵੱਖ-ਵੱਖ ਤਰ੍ਹਾਂ ਦੀਆਂ ਸਵੀਪ ਗਤੀਵਿਧੀਆਂ ਰਾਹੀਂ ਹਰ ਵਰਗ ਦੇ ਵੋਟਰਾਂ ਨੂੰ ਵੋਟ ਦੀ ਮਹੱਤਤਾ ਬਾਰੇ ਜਾਗਰੂਕਤਾ ਕੀਤਾ ਜਾ ਰਿਹਾ ਏ ਅਤੇ ਸਵੀਪ ਟੀਮਾਂ ਨੇ ਵਿਧਾਨ ਸਭਾ ਹਲਕਾ ਬਸੀ ਪਠਾਣਾ, ਅਮਲੋਹ ਤੇ ਫਤਹਿਗੜ੍ਹ ਸਾਹਿਬ ਅਧੀਨ ਪੈਂਦੀਆਂ ਅਨਾਜ ਮੰਡੀਆਂ ਵਿੱਚ ਜਾਗਰੂਕਤਾ ਮੁਹਿੰਮ ਤਹਿਤ ਲੋਕਾਂ ਨੂੰ ਜਾਗਰੂਕ ਕੀਤਾ । ਇਸ ਤੋਂ ਇਲਾਵਾ ਸਕੂਲਾਂ ਵਿਚ ਬਣੇ ਇਲੈਕਟੋਰਲ ਲਿਟਰੇਸੀ ਕਲੱਬ ਦੇ ਵਿਦਿਆਰਥੀਆਂ ਵੱਲੋਂ ਵੱਖ-ਵੱਖ ਪੋਸਟਰ ਮੇਕਿੰਗ, ਸਲੋਗਨ, ਕਵਿਤਾ ਅਤੇ ਮਹਿੰਦੀ ਮੁਕਾਬਲੇ ਕਰਵਾ ਕੇ ਵੋਟਰ ਜਾਗਰੂਕਤਾ ਪੈਦਾ ਕੀਤੀ ਜਾ ਰਹੀ ਏ ।

-----------------------------------------------------

ਦੁਨੀਆਂ ਭਰ ਵਿੱਚ ਕਿਰਤੀਆਂ ਦੇ ਯੋਗਦਾਨ ਨੂੰ ਸਨਮਾਨਿਤ ਕਰਨ ਲਈ ਅੱਜ ਅੰਤਰਰਾਸ਼ਟਰੀ ਮਜ਼ਦੂਰ ਦਿਵਸ ਮਨਾਇਆ ਜਾ ਰਿਹਾ ਏ। ਇਸ ਨੂੰ ਮਈ ਦਿਵਸ ਵਜੋਂ ਵੀ ਜਾਣਿਆ ਜਾਂਦਾ ਹੈ। ਇਸ ਦਿਨ ਦਾ ਉਦੇਸ਼ ਦੁਨੀਆਂ ਭਰ ਵਿੱਚ ਆਰਥਿਕ ਅਤੇ ਸਮਾਜਿਕ ਅਧਿਕਾਰਾਂ ਦੀ ਪ੍ਰਾਪਤੀ ਵਿੱਚ ਮਜ਼ਦੂਰਾਂ ਦੀਆਂ ਕੁਰਬਾਨੀਆਂ ਨੂੰ ਸ਼ਰਧਾਂਜਲੀ ਭੇਟ ਕਰਨਾ ਏ। ਸੰਨ

1886 ਵਿੱਚ ਅਮਰੀਕਾ ਵਿੱਚ ਅੱਠ ਘੰਟੇ ਰੋਜ਼ਾਨਾ ਕੰਮ ਕਰਨ ਦੀ ਮੰਗ ਨੂੰ ਲੈ ਕੇ ਮਜ਼ਦੂਰਾਂ ਦਾ ਇੱਕ ਵੱਡਾ ਪ੍ਰਦਰਸ਼ਨ ਹੋਇਆ ਜੋ ਸ਼ਿਕਾਗੋ ਵਿੱਚ ਹੱਥੋਂ ਨਿਕਲ ਗਿਆ ਅਤੇ ਗੋਲੀਬਾਰੀ ਹੋਈ ਜਿਸ ਨਾਲ ਕਈ ਲੋਕ ਜ਼ਖਮੀ ਹੋਏ। ਇਸ ਘਟਨਾ ਨੂੰ ਦ ਹੇਮਾਰਕੇਟ ਅਫੇਅਰ ਵਜੋਂ ਜਾਣਿਆ ਜਾਂਦਾ ਹੈ ਅਤੇ ਅੰਤਰਰਾਸ਼ਟਰੀ ਮਜ਼ਦੂਰ ਦਿਵਸ ਦੀ ਸ਼ੁਰੂਆਤ ਵਜੋਂ ਜਾਣਿਆ ਜਾਂਦਾ ਹੈ। 1889 ਵਿੱਚ, ਯੂਰਪ ਦੀਆਂ ਬਹੁਤ ਸਾਰੀਆਂ ਸਮਾਜਵਾਦੀ ਪਾਰਟੀਆਂ ਨੇ ਇਕੱਠੇ ਹੋ ਕੇ 1 ਮਈ ਨੂੰ ਅੰਤਰਰਾਸ਼ਟਰੀ ਮਜ਼ਦੂਰ ਦਿਵਸ ਵਜੋਂ ਮਨਾਉਣ ਦਾ ਫੈਸਲਾ ਕੀਤਾ ।